True Translation from Punjabi to English

No. 11/24/2003-2 Sept./21118
Punjab Government
Education Department
(Education-3 Branch)

To

The Principal
DAV International School
By-Pass Road, Verka
Amritsar

Dated, Chandigarh 12/09/2003

**Sub:- No Objection Certificate for getting affiliation from CBSE, New Delhi.**

Dear Sir

Reference your letter No. NIL dated NIL on the subject cited above, the documents and affidavits produced by the Management of your institution, District Education Officer (Secondary), Amritsar and D.P.I. Private Aided (Secondary). Considering their recommendations thoroughly the necessary certificates are issued subject to the following conditions:-

1. If it is found on the basis of any complaint/inspection that any false information was given to the considered department for obtaining No Objection Certificate or the instructions of the Punjab Government, issued time to time, were not followed, then this certificate can be withdrawn any time.
2. It will be compulsory to teach Punjabi upto Std. X and CBSE will do best efforts to take the exam of Punjabi in such type of schools and in case of violation of this No Objection Certificate can be taken back any time.
3. After obtaining affiliation from the CBSE the Management of the school will be bound to pay salary & other perks to teaching and non-teaching staff at par to Government employees. In violation of this clause this certificate can be withdrawn.
4. You and your Management will ensure this thing that in case if any information is demanded by the District Education Officer or Senior Officers of the Education Department then you will provide this information along with utmost co-operation.

SATISH KUMAR ANAND - Advocate M.A. L.L.B. Approved NOTARY By Punjab Govt. INDIA R.N. 79/0982 AMRITSAR

Sd/-
Secretary Education
Chandigarh

Ref. No. 11/24/2003-2 Sept./ Dated:Chandigarh

CC:- The Director, Education Department, Private Aided (Secondary) Punjab, Chandigarh Memo No. 15/30/03-G1(5) dated 24-06-2003 it is requested that above stated school is required to be inspected minimum once in a five years and its inspection report is supposed to be sent to the Government, so it can be ensured that all the conditions of the Punjab Government are being complied perfectively.

Sd/-
Secretary Education
Chandigarh

SATISH KUMAR * AMRITSAR *

Attested to be true copy of Document Produced Translation From Punjabi/Hindi to English

Notary Public for Amritsar District
Amritsar

16 DEC 2019

ਨੰ: 11/24/2003-2ਸਿ3/ 21118

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

D.A.V. International School Amritsar
Ref No. 282
12-9-03

ਸੇਵਾ ਵਿਖੇ,

ਪ੍ਰਿੰਸੀਪਲ,
**ਡੀ.ਏ.ਵੀ. ਇੰਟਰਨੈਸ਼ਨਲ ਸਕੂਲ,**
**ਬਾਈਪਾਸ ਰੋਡ, ਵੇਰਕਾ,**
**ਜ਼ਿਲਾ ਅੰਮ੍ਰਿਤਸਰ।**

12.9.03

ਮਿਤੀ, ਚੰਡੀਗੜ੍ਹ: 12/9/03

ਵਿਸ਼ਾ: ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜ਼ਾਰੀ ਕਰਨ ਬਾਬਤ।

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: **ਨਿਲ** ਮਿਤੀ **ਨਿਲ** ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ **(ਸ) ਅੰਮ੍ਰਿਤਸਰ**........ ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ/ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ ਅਜਿਹੇ ਸਕੂਲਾਂ ਵਿੱਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ..ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜ਼ਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਿੱਖਿਆ

ਪਿੱਠ ਅੰਕਣ ਨੰ: **11/24/2003-2ਸਿ3/** ਮਿਤੀ;ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ, ਪ੍ਰਾਈਵੇਟ ਏਡਿਡ(ਸ); ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਮੀਮੋ ਨੰ: **15/30/03-ਗ੍ਰ1(5)**, ਮਿਤੀ **24.6.2003** ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ਼ ਸਕੱਤਰ ਸਿੱਖਿਆ